ਕਲਿਆਨ ਮਹਲਾ ੪ ॥ ਹਮਰੀ ਚਿਤਵਨੀ ਹਰਿ ਪ੍ਰਭੁ ਜਾਨੈ ॥ ਅਉਰੁ ਕੋਈ ਨਿੰਦ ਕਰੈ ਹਰਿ ਜਨ ਕੀ ਪ੍ਰਭੁ ਤਾ ਕਾ ਕਹਿਆ ਇਕੁ ਤਿਲੁ ਨਹੀ ਮਾਨੈ ॥ ੧॥ ਰਹਾਉ ॥ ਅਉਰ ਸਭ ਤਿਆਗਿ ਸੇਵਾ ਕਰਿ ਅਚੁਤ ਜੋ ਸਭ ਤੇ ਊਚ ਠਾਕੁਰੁ ਭਗਵਾਨੈ ॥ ਹਰਿ ਸੇਵਾ ਤੇ ਕਾਲੁ ਜੋਹਿ ਨ ਸਾਕੈ ਚਰਨੀ ਆਇ ਪਵੈ ਹਰਿ ਜਾਨੈ ॥੧॥ ਜਾ ਕਉ ਰਾਖਿ ਲੇਇ ਮੇ ਰਾ ਸੁਆਮੀ ਤਾ ਕਉ ਸੁਮਤਿ ਦੇਇ ਪੈ ਕਾਨੈ ॥ ਤਾ ਕਉ ਕੋਈ ਅਪਰਿ ਨ ਸਾਕੈ ਜਾ ਕੀ ਭਗਤਿ ਮੇਰਾ ਪ੍ਰਭੁ ਮਾਨੈ ॥ ੨॥ ਹਰਿ ਕੇ ਚੋਜ ਵਿਡਾਨ ਦੇਖੁ ਜਨ ਜੋ ਖੋਟਾ ਖਰਾ ਇਕ ਨਿਮਖ ਪਛਾਨੈ ॥ ਤਾ ਤੇ ਜਨ ਕਉ ਅਨਦੁ ਭਇਆ ਹੈ ਰਿਦ ਸੁਧ ਮਿਲੇ ਖੋਟੇ ਪਛੁਤਾਨੈ ॥੩॥ ਤੁਮ ਹਰਿ ਦਾਤੇ ਸਮਰਥ ਸੁਆਮੀ ਇਕੁ ਮਾਗਉ ਤੁਝ ਪਾਸਹੁ ਹਰਿ ਦਾਨੈ ॥ ਜਨ ਨਾਨਕ ਕਉ ਹਰਿ ਕ੍ਰਿਪਾ ਕਰਿ ਦੀਜੈ ਸਦ ਬਸਹਿ ਰਿਦੈ ਮੋਹਿ ਹਰਿ ਚਰਾਨੈ ॥੪॥੫॥ {ਪੰਨਾ 1320}

ਪਦ ਅਰਥ:- ਚਿਤਵਨੀ—ਸੋਚ, ਭਾਵਨੀ। ਜਾਨੈ—ਜਾਣਦਾ ਹੈ (ਇਕ-ਵਚਨ)। ਅਉਰੁ ਕੋਈ—ਕੋਈ ਹੋਰ ਮਨੁੱਖ। ਕਹਿਆ—ਆਖਿਆ ਹੋਇਆ। ਇਕੁ ਤਿਲੁ—ਰਤਾ ਭਰ ਭੀ। ਮਾਨੈ—ਮੰਨਦਾ।1। ਰਹਾਉ।

ਤਿਆਗਿ—ਛੱਡ ਕੇ। ਅਚੁਤ—(ਅ-ਚੁਤ। ਅ-ਚਯੁਤ) ਅਬਿਨਾਸ਼ੀ। ਸਭ ਤੇ ਊਚ—ਸਭ ਤੋਂ ਉੱਚਾ। ਸੇਵਾ ਤੇ—ਸੇਵਾ-ਭਗਤੀ ਤੋਂ। ਕਾਲੁ-ਮੌਤ, ਆਤਮਕ ਮੌਤ। ਜੋਹਿ ਨ ਸਕੈ—ਤੱਕ ਨਹੀਂ ਸਕਦੀ। ਹਰਿ ਜਾਨੈ ਚਰਨੀ—ਜਨ-ਜਨ ਦੇ ਚਰਨਾਂ ਤੇ।1।

ਕਉ—ਨੂੰ। ਰਾਖਿ ਲੇਇ—ਰੱਖ ਲੈਂਦਾ ਹੈ। ਦੇਇ—ਦੇਂਦਾ ਹੈ। ਪੈ ਕਾਨੈ—ਕੰਨ ਵਿਚ, ਬੜੇ ਧਿਆਨ ਨਾਲ। ਅਪਰਿ ਨ ਸਾਕੈ—ਬਰਾਬਰੀ ਨਹੀਂ ਕਰ ਸਕਦਾ। ਮਾਨੈ—ਪਰਵਾਨ ਕਰਦਾ ਹੈ।2।

ਚੋਜ—ਕੌਤਕ ਤਮਾਸ਼ੇ। ਵਿਡਾਨ—ਅਸਚਰਜ। ਜਨ—ਹੇ ਜਨ! ਨਿਮਖ—(inmy—) ਅੱਖ ਝਮਕਣ ਜਿਤਨਾ ਸਮਾ। ਤਾ ਤੇ—ਇਸ ਵਾਸਤੇ। ਰਿਦ ਸੁਧ—ਸੁੱਧ ਹਿਰਦੇ ਵਾਲੇ।3।

ਹਰਿ—ਹੇ ਹਰੀ! ਸਮਰਥ—ਸਭ ਤਾਕਤਾਂ ਦੇ ਮਾਲਕ! ਮਾਗਉ—ਮਾਗਉਂ, ਮੈਂ ਮੰਗਦਾ ਹਾਂ। ਕਰਿ—ਕਰ ਕੇ। ਦੀਜੈ—ਦੇਹ। ਸਦ—ਸਦਾ। ਰਿਦੈ ਮੋਹਿ—ਮੇਰੇ ਹਿਰਦੇ ਵਿਚ। ਚਰਾਨੈ—ਚਰਨ।4।

ਅਰਥ:- ਹੇ ਭਾਈ! ਅਸਾਂ ਜੀਵਾਂ ਦੀ (ਹਰੇਕ) ਭਾਵਨੀ ਨੂੰ ਪਰਮਾਤਮਾ (ਆਪ) ਜਾਣਦਾ ਹੈ। ਜੇ ਕੋਈ ਹੋਰ (ਨਿੰਦਕ ਮਨੁੱਖ) ਪਰਮਾਤਮਾ ਦੇ ਭਗਤ ਦੀ ਨਿੰਦਾ ਕਰਦਾ ਹੋਵੇ, ਪਰਮਾਤਮਾ ਉਸ ਦਾ ਆਖਿਆ ਹੋਇਆ (ਨਿੰਦਾ ਦਾ ਬਚਨ) ਰਤਾ ਭਰ ਭੀ ਨਹੀਂ ਮੰਨਦਾ।1। ਰਹਾਉ।

ਹੇ ਭਾਈ! ਹੋਰ ਹਰੇਕ (ਆਸ) ਲਾਹ ਕੇ ਉਸ ਅਬਿਨਾਸੀ ਪਰਮਾਤਮਾ ਦੀ ਭਗਤੀ ਕਰਿਆ ਕਰ, ਜਿਹੜਾ ਸਭ ਤੋਂ ਉੱਚਾ ਮਾਲਕ ਭਗਵਾਨ ਹੈ। ਹੇ ਭਾਈ! ਪਰਮਾਤਮਾ ਦੀ ਸੇਵਾ-ਭਗਤੀ ਦੀ ਬਰਕਤਿ ਨਾਲ ਆਤਮਕ ਮੌਤ (ਭਗਤ ਵਲ) ਤੱਕ ਭੀ ਨਹੀਂ ਸਕਦੀ, ਉਹ ਤਾਂ ਭਗਤ ਦੇ ਚਰਨਾਂ ਵਿਚ ਆ ਡਿੱਗਦੀ ਹੈ (ਭਗਤ ਦੇ ਅਧੀਨ ਹੋ ਜਾਂਦੀ ਹੈ)।1।

ਹੇ ਭਾਈ! ਪਿਆਰਾ ਮਾਲਕ-ਪ੍ਰਭੂ ਜਿਸ ਮਨੁੱਖ ਦੀ ਰਖਿਆ ਕਰਦਾ ਹੈ, ਉਸ ਨੂੰ ਪਿਆਰ ਨਾਲ ਧਿਆਨ ਨਾਲ ਸ੍ਰੇਸ਼ਟ ਮਤਿ ਬਖ਼ਸ਼ਦਾ ਹੈ। ਹੇ ਭਾਈ! ਪਰਮਾਤਮਾ ਜਿਸ ਮਨੁੱਖ ਦੀ ਭਗਤੀ ਪਰਵਾਨ ਕਰ ਲੈਂਦਾ ਹੈ, ਕੋਈ ਹੋਰ ਮਨੁੱਖ ਉਸ ਦੀ ਬਰਾਬਰੀ ਨਹੀਂ ਕਰ ਸਕਦਾ।2।

ਹੇ ਸੱਜਣ! ਵੇਖ, ਉਸ ਪਰਮਾਤਮਾ ਦੇ ਕੌਤਕ ਬੜੇ ਹੈਰਾਨ ਕਰਨ ਵਾਲੇ ਹਨ ਜੋ ਅੱਖ ਝਮਕਣ ਜਿਤਨੇ ਸਮੇ ਵਿਚ ਹੀ ਖੋਟੇ ਖਰੇ ਮਨੁੱਖ ਨੂੰ ਪਛਾਣ ਲੈਂਦਾ ਹੈ। ਸੁੱਧ ਹਿਰਦੇ ਵਾਲੇ ਮਨੁੱਖ ਉਸ ਨੂੰ ਮਿਲ ਪੈਂਦੇ ਹਨ, ਖੋਟੇ ਮਨੁੱਖ ਪਛੁਤਾਂਦੇ ਹੀ ਰਹਿ ਜਾਂਦੇ ਹਨ। ਤਾਹੀਏਂ ਭਗਤ ਦੇ ਅੰਦਰ ਆਨੰਦ ਬਣਿਆ ਰਹਿੰਦਾ ਹੈ (ਕਿਉਂਕਿ ਭਗਤ ਨੂੰ ਪ੍ਰਭੂ ਆਪਣੇ ਚਰਨਾਂ

ਵਿਚ ਜੋੜੀ ਰੱਖਦਾ ਹੈ)।3।

ਹੇ ਹਰੀ! ਤੁਸੀ ਸਭ ਦਾਤਾਂ ਦੇਣ ਵਾਲੇ ਸਭ ਤਾਕਤਾਂ ਦੇ ਮਾਲਕ ਸੁਆਮੀ ਹੋ। ਹੇ ਹਰੀ! ਮੈਂ ਤੇਰੇ ਪਾਸੋਂ ਇਕ ਖ਼ੈਰ ਮੰਗਦਾ ਹਾਂ। ਮਿਹਰ ਕਰ ਕੇ (ਆਪਣੇ) ਦਾਸ ਨਾਨਕ ਨੂੰ (ਇਹ ਦਾਨ) ਦੇਹ ਕਿ, ਹੇ ਹਰੀ! ਤੇਰੇ ਚਰਨ ਮੇਰੇ ਹਿਰਦੇ ਵਿਚ ਸਦਾ ਵੱਸਦੇ ਰਹਿਣ।4।5।